# Prime Minister Narendra Modi holds telephone conversation with H.E. Mr. Pedro Sánchez, Prime Minister of Spain

February 15, 2023

---

# ਧਾਨ ਮੰਤਰੀ ਨਰੇਂਦਰ ਮੋਦੀ ਨੇ ਸਪੇਨ ਦੇ ਪ੍ਰਧਾਨ ਮੰਤਰੀ ਸ਼੍ਰੀ ਪੈਡ੍ਰੋ ਸਾਂਚੇਜ਼ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ

ਫਰਵਰੀ 15, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਸਪੇਨ ਦੇ ਪ੍ਰਧਾਨ ਮੰਤਰੀ ਸ਼੍ਰੀ ਪੈਡ੍ਰੋ ਸਾਂਚੇਜ਼ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਹਾਂ ਰਾਜਨੇਤਾਵਾਂ ਨੇ ਆਪਸੀ ਹਿਤਾਂ ਦੇ ਅਨੇਕ ਦੁਵੱਲੇ ਅਤੇ ਅੰਤਰਰਾਸ਼ਟਰੀ ਮੁੱਦਿਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਵਰਤਮਾਨ ਦੀਆਂ ਦੁਵੱਲੀਆਂ ਪਹਿਲਾਂ ਦੀ ਸਮੀਖਿਆ ਕੀਤੀ ਅਤੇ ਹਾਲ ਵਿੱਚ ਹੋਏ ਉੱਚ ਪੱਧਰੀ ਅਦਾਨ-ਪ੍ਰਧਾਨ ਅਤੇ ਰੱਖਿਆ ਆਰਥਿਕ ਅਤੇ ਵਪਾਰਕ ਸੈਕਟਰਾਂ ਵਿੱਚ ਵਧਦੇ ਸਹਿਯੋਗ 'ਤੇ ਸੰਤੋਖ ਪ੍ਰਗਟ ਕੀਤਾ। ਦੋਨੋਂ ਰਾਜਨੇਤਾ ਡਿਜੀਟਲ ਢਾਂਚੇ, ਜਲਵਾਯੂ ਸਬੰਧੀ ਕਾਰਵਾਈ, ਸਵੱਛ ਊਰਜਾ ਪਰਿਵਰਤਨ ਅਤੇ ਟਿਕਾਊ ਵਿਕਾਸ ਦੇ ਖੇਤਰ ਵਿੱਚ ਸਹਿਯੋਗ ਕਰਨ 'ਤੇ ਸਹਿਮਤ ਹਏ।

ਪ੍ਰਧਾਨ ਮੰਤਰੀ ਸ਼੍ਰੀ ਮੋਦੀ ਨੇ ਆਪਣੇ ਸਪੇਨੀ ਹੁਮਰੁਤਬਾ ਨੂੰ ਜੀ20 ਦੇ ਲਈ ਭਾਰਤ ਦੀਆਂ ਪ੍ਰਾਥਮਿਕਤਾਵਾਂ ਤੋਂ ਜਾਣੂ ਕਰਵਾਇਆ, ਜਿਸ ਦੇ ਤਹਿਤ ਭਾਰਤ ਵਸੁਧੈਵ ਕੁਟੁੰਬਕਮ੍ (ਇੱਕ ਪ੍ਰਿਥਵੀ, ਇੱਕ ਪਰਿਵਰਾ, ਇੱਕ ਭਵਿੱਖ) ਦੇ ਸਿਧਾਂਤ ਦੇ ਅਧਾਰ 'ਤੇ ਇਕਾਤਮ ਦੀ ਭਾਵਨਾ ਨੂੰ ਪ੍ਰੋਤਸਾਹਨ ਦੇਣ ਦਾ ਕੰਮ ਕਰ ਰਿਹਾ ਹੈ। ਪ੍ਰਧਾਨ ਮੰਤਰੀ ਸਾਂਚੇਜ਼ ਨੇ ਭਾਰਤ ਦੀ ਜੀ20 ਪ੍ਰਧਾਨਗੀ ਦੇ ਤਹਿਤ ਉਸ ਦੇ ਦੁਆਰਾ ਕੀਤੀਆਂ ਜਾਣ ਵਾਲੀਆਂ ਪਹਿਲਾਂ ਨੂੰ ਪੂਰਾ ਸਮਰਥਨ ਦਿੱਤਾ।

ਦੋਹਾਂ ਰਾਜਨੇਤਾਵਾਂ ਨੇ ਨਿਰੰਤਰ ਸੰਪਰਕ ਵਿੱਚ ਰਹਿਣ 'ਤੇ ਸਹਿਮਤੀ ਵਿਅਕਤ ਕੀਤੀ।

ਨਵੀਂ ਦਿੱਲੀ

ਫਰਵਰੀ 15, 2023

DISCLAIMER: This is an approximate translation. The original is available in English on MEA's website and may be referred to as the official press release.